ਗੂਜਰੀ ਮਹਲਾ ੧ ॥ ਐ ਜੀ ਜਨਮਿ ਮਰੈ ਆਵੈ ਫੁਨਿ ਜਾਵੈ ਬਿਨੁ ਗੁਰ ਗਤਿ ਨਹੀ ਕਾਈ ॥ ਗੁਰਮੁਖਿ ਪ੍ਰਾਣੀ ਨਾਮੇ ਰਾਤੇ ਨਾਮੇ ਗਤਿ ਪਤਿ ਪਾਈ ॥੧॥ ਭਾਈ ਰੇ ਰਾਮ ਨਾਮਿ ਚਿਤੁ ਲਾਈ ॥ ਗੁਰ ਪਰਸਾਦੀ ਹਰਿ ਪ੍ਰਭ ਜਾਚੇ ਐਸੀ ਨਾਮ ਬਡਾਈ ॥੧॥ ਰਹਾਉ ॥ ਐ ਜੀ ਬਹੁਤੇ ਭੇਖ ਕਰਹਿ ਭਿਖਿਆ ਕਉ ਕੇਤੇ ਉਦਰੁ ਭਰਨ ਕੈ ਤਾਈ ॥ ਬਿਨੁ ਹਰਿ ਭਗਤਿ ਨਾਹੀ ਸੁਖੁ ਪ੍ਰਾਨੀ ਬਿਨੁ ਗੁਰ ਗਰਬੁਨ ਜਾਈ ॥੨॥ ਐ ਜੀ ਕਾਲੁ ਸਦਾ ਸਿਰ ਊਪਰਿ ਠਾਢੇ ਜਨਮਿ ਜਨਮਿ ਵੈਰਾਈ ॥ ਸਾਚੈ ਸਬਦਿ ਰਤੇ ਸੇ ਬਾਚੇ ਸਤਿਗੁਰ ਬੂਝ ਬੁਝਾਈ ॥੩॥ ਗੁਰ ਸਰਣਾਈ ਜੋਹਿ ਨ ਸਾਕੈ ਦੂਤੁ ਨ ਸਕੈ ਸੰਤਾਈ ॥ ਅਵਿਗਤ ਨਾਥ ਨਿਰੰਜਨਿ ਰਾਤੇ ਨਿਰਭਉ ਸਿਉ ਲਿਵ ਲਾਈ ॥ ੪॥ ਐ ਜੀਉ ਨਾਮੁ ਦਿੜਹੁ ਨਾਮੇ ਲਿਵ ਲਾਵਹੁ ਸਤਿਗੁਰ ਟੇਕ ਟਿਕਾਈ ॥ ਜੋ ਤਿਸੁ ਭਾਵੈ ਸੋਈ ਕ ਰਸੀ ਕਿਰਤੁ ਨ ਮੇਟਿਆ ਜਾਈ ॥ ੫॥ ਐ ਜੀ ਭਾਗਿ ਪਰੇ ਗੁਰ ਸਰਣਿ ਤੁਮ੍ਹ੍ਹਾਰੀ ਮੈ ਅਵਰ ਨ ਦੂਜੀ ਭਾਈ ॥ ਅਬ ਤਬ ਏਕੋ ਏਕੁ ਪੁਕਾਰਉ ਆਦਿ ਜੁਗਾਦਿ ਸਖਾਈ ॥੬॥ ਐ ਜੀ ਰਾਖਹੁ ਪੈਜ ਨਾਮ ਅਪੁਨੇ ਕੀ ਤੁਝ ਹੀ ਸਿਉ ਬਨਿ ਆਈ ॥ ਕਰਿ ਕਿਰਪਾ ਗੁਰ ਦਰਸੁ ਦਿਖਾਵਹੁ ਹਉਮੈ ਸਬਦਿ ਜਲਾਈ ॥੭॥ ਐ ਜੀ ਕਿਆ ਮਾਗਉ ਕਿਛੁ ਰਹੈ ਨ ਦੀਸੈ ਇਸੁ ਜਗ ਮਹਿ ਆਇਆ ਜਾਈ ॥ ਨਾਨਕ ਨਾਮੁ ਪਦਾਰਥੁ ਦੀਜੈ ਹਿਰਦੈ ਕੰਠਿ ਬਣਾਈ ॥੮॥੩॥ {ਪੰਨਾ 504}

ਪਦਅਰਥ:- ਐ ਜੀ—ਹੇ ਭਾਈ! ਜਨਮਿ—ਜਨਮ ਕੇ। ਜਨਮਿ ਮਰੈ—(ਮੁੜ ਮੁੜ) ਜੰਮਦਾ ਮਰਦਾ ਹੈ। ਫੁਨਿ—{pun:} ਮੁੜ ਮੁੜ। ਗਤਿ—ਉੱਚੀ ਆਤਮਕ ਅਵਸਥਾ। ਕਾਈ—{kwAip} ਕੋਈ ਭੀ। ਗੁਰਮੁਖਿ—ਗੁਰੂ ਦੀ ਸਰਨ ਪੈ ਕੇ। ਨਾਮੇ—ਨਾਮਿ ਹੀ, ਨਾਮ ਵਿਚ ਹੀ। ਪਤਿ—ਇੱਜ਼ਤ।1।

ਨਾਮਿ—ਨਾਮਿ ਵਿਚ। ਲਾਈ—ਲਾਇ, ਜੋੜ। ਜਾਚੇ—ਜਾਚਿ, ਮੰਗੀ। ਬਡਾਈ—ਵਡਿਆਈ।1। ਰਹਾਉ।

ਕਰਹਿ—ਤੂੰ ਕਰਦਾ ਹੈਂ। ਭਿਖਿਆ ਕਉ—ਭਿੱਛਿਆ ਵਾਸਤੇ। ਕੇਤੇ—ਅਨੇਕਾਂ। ਉਦਰੁ—ਪੇਟ। ਕੈ ਤਾਈ—ਦੀ ਖ਼ਾਤਰ। ਪ੍ਰਾਨੀ—ਹੇ ਪ੍ਰਾਣੀ! ਗਰਬੁ—ਅਹੰਕਾਰ। ਨ ਜਾਈ—ਨਹੀਂ ਜਾਂਦਾ।2।

ਕਾਲੁ—ਮੌਤ, ਮੌਤ ਦਾ ਸਹਮ, ਆਤਮਕ ਮੌਤ। ਠਾਢੇ—ਖਲੋਤਾ ਹੋਇਆ। ਜਨਮਿ ਜਨਮਿ—ਹਰੇਕ ਜਨਮ ਵਿਚ। ਵੈਰਾਈ—ਵੈਰੀ। ਸਾਚੈ—ਸਦਾ-ਥਿਰ ਰਹਿਣ ਵਾਲੇ ਵਿਚ। ਸੇ—ਉਹ ਬੰਦੇ। ਬਾਚੇ—ਬਚੇ ਹਨ। ਬੂਝ—ਸਮਝ।3।

ਜੋਹਿ ਨ ਸਾਕੈ—ਤੱਕ ਨਹੀਂ ਸਕਦਾ। ਦੂਤ—ਵੈਰੀ। ਅਵਿਗਤ—{AÒX#q} ਅਦ੍ਰਿਸ਼ਟ। ਨਿਰੰਜਨਿ-ਨਿਰੰਜਨ (ਦੇ ਪਿਆਰ-ਰੰਗ) ਵਿਚ। ਰਾਤੇ—ਰੰਗੇ ਹੋਏ। ਸਿਉ—ਨਾਲ।4।

ਐ ਜੀਉ—(ਮੇਰੀ) ਜਿੰਦੇ! ਟੇਕ ਟਿਕਾਈ—ਟੇਕ ਟਿਕਾਇ, ਆਸਰਾ ਲੈ ਕੇ। ਅਬ ਤਬ—ਹੁਣ ਭੀ ਤੇ ਤਦੋਂ ਭੀ, ਸਦਾ। ਪੁਕਾਰਉ—ਮੈਂ ਪੁਕਾਰਦਾ ਹਾਂ।6।

ਐ ਜੀ—ਹੇ ਪ੍ਰਭੂ ਜੀ! ਪੈਜ—ਲਾਜ। ਗੁਰ ਦਰਸੁ—ਗੁਰੂ ਦਾ ਦਰਸਨ। ਜਲਾਈ—ਜਲਾਏ, ਸਾੜਦਾ ਹੈ।7।

ਮਾਗਉ—ਮੈਂ ਮੰਗਾਂ। ਰਹੈ ਨ ਦੀਸੈ—ਸਦਾ ਰਹਿਣ ਵਾਲਾ ਨਹੀਂ ਦਿੱਸਦਾ। ਕੰਠਿ—ਕੰਠੀ, ਮਾਲਾ। ਬਣਾਈ—ਮੈਂ ਬਣਾ ਲਵਾਂ।8।

ਅਰਥ:- ਹੇ ਭਾਈ! (ਜੇਹੜਾ ਮਨੁੱਖ ਗੁਰੂ ਦੀ ਸਰਨ ਨਹੀਂ ਪੈਂਦਾ, ਉਹ) ਜੰਮਦਾ ਹੈ ਮਰਦਾ ਹੈ ਫਿਰ ਜੰਮਦਾ ਹੈ ਮਰਦਾ ਹੈ। ਉਸ ਦਾ ਇਹ ਗੇੜ ਬਣਿਆ ਰਹਿੰਦਾ ਹੈ, (ਕਿਉਂਕਿ) ਗੁਰੂ (ਦੀ ਸਰਨ) ਤੋਂ ਬਿਨਾ ਉੱਚੀ ਆਤਮਕ ਅਵਸਥਾ ਨਹੀਂ ਬਣਦੀ। ਜੇਹੜੇ ਪ੍ਰਾਣੀ ਗੁਰੂ ਦੀ ਸਰਨ ਪੈਂਦੇ ਹਨ ਉਹ (ਪਰਮਾਤਮਾ ਦੇ) ਨਾਮ ਵਿਚ ਹੀ ਰੰਗੇ ਰਹਿੰਦੇ ਹਨ, ਤੇ ਨਾਮ ਵਿਚ ਰੰਗੇ ਰਹਿਣ ਕਰਕੇ ਉਹ ਉੱਚੀ ਆਤਮਕ ਅਵਸਥਾ ਤੇ ਇੱਜ਼ਤ ਪ੍ਰਾਪਤ ਕਰ ਲੈਂਦੇ ਹਨ।1।

ਪਰਮਾਤਮਾ ਦਾ ਨਾਮ ਜਪਣ ਦੀ ਇਹੋ ਜਿਹੀ ਬਰਕਤਿ ਹੁੰਦੀ ਹੈ (ਕਿ ਜਨਮ ਮਰਨ ਦਾ ਗੇੜ ਮੁੱਕ ਜਾਂਦਾ ਹੈ)। ਹੇ ਭਾਈ! ਤੂੰ ਭੀ ਪਰਮਾਤਮਾ ਦੇ ਨਾਮ ਵਿਚ ਚਿੱਤ ਜੋੜ, (ਗੁਰੂ ਦੀ ਸਰਨ ਪੈ ਕੇ) ਗੁਰੂ ਦੀ ਮੇਹਰ ਨਾਲ (ਭਾਵ, ਗੁਰੂ ਦੀ ਮੇਹਰ ਦਾ ਪਾਤਰ ਬਣ ਕੇ) ਤੂੰ ਹਰੀ ਪ੍ਰਭੂ ਪਾਸੋਂ (ਨਾਮ ਦੀ ਦਾਤਿ ਹੀ) ਮੰਗ।1। ਰਹਾਉ।

ਹੇ ਭਾਈ! ਤੂੰ ਪ੍ਰਭੂ ਦਾ ਨਾਮ ਵਿਸਰ ਕੇ) ਪੇਟ ਭਰਨ ਦੀ ਖ਼ਾਤਰ (ਦਰ ਦਰ ਤੋਂ) ਭਿੱਛਿਆ ਲੈਣ ਵਾਸਤੇ ਕਈ ਤਰ੍ਹਾਂ ਦੇ (ਧਾਰਮਿਕ) ਭੇਖ ਬਣਾ ਰਿਹਾ ਹੈਂ। ਪਰ, ਹੇ ਪ੍ਰਾਣੀ! ਪਰਮਾਤਮਾ ਦੀ ਭਗਤੀ ਤੋਂ ਬਿਨਾ ਆਤਮਕ ਆਨੰਦ ਨਹੀਂ ਮਿਲਦਾ, ਗੁਰੂ ਦੀ ਸਰਨ ਤੋਂ ਬਿਨਾ ਅਹੰਕਾਰ ਦੂਰ ਨਹੀਂ ਹੁੰਦਾ।2।

ਹੇ ਭਾਈ! (ਸਿਮਰਨ ਤੋਂ ਬਿਨਾ) ਆਤਮਕ ਮੌਤ ਸਦਾ ਤੇਰੇ ਸਿਰ ਉੱਤੇ ਖਲੋਤੀ ਹੋਈ ਹੈ। ਇਹੀ ਹਰੇਕ ਜਨਮ ਵਿਚ ਤੇਰੀ ਵੈਰਨ ਤੁਰੀ ਆ ਰਹੀ ਹੈ। ਜੇਹੜੇ ਮਨੁੱਖ ਗੁਰੂ ਦੇ ਸੱਚੇ ਸ਼ਬਦ ਵਿਚ ਰੰਗੇ ਰਹਿੰਦੇ ਹਨ ਉਹ (ਇਸ ਆਤਮਕ ਮੌਤ ਤੋਂ) ਬਚ ਜਾਂਦੇ ਹਨ, (ਕਿਉਂਕਿ) ਗੁਰੂ (ਉਹਨਾਂ ਨੂੰ) (ਆਤਮਕ ਜੀਵਨ ਦੀ) ਸਮਝ ਦੇ ਦੇਂਦਾ ਹੈ।3।

ਗੁਰੂ ਦੀ ਸਰਨ ਪਏ ਬੰਦਿਆਂ ਨੂੰ ਆਤਮਕ ਮੌਤ ਤੱਕ ਭੀ ਨਹੀਂ ਸਕਦੀ, ਉਹਨਾਂ ਨੂੰ ਸਤਾ ਨਹੀਂ ਸਕਦੀ (ਕਿਉਂਕਿ ਗੁਰੂ ਦੀ ਕਿਰਪਾ ਨਾਲ) ਉਹ ਅਦ੍ਰਿਸ਼ਟ ਜਗਤ ਨਾਥ ਨਿਰੰਜਨ ਪ੍ਰਭੂ ਵਿਚ ਰੱਤੇ ਰਹਿੰਦੇ ਹਨ, ਉਹ ਨਿਰਭਉ ਪਰਮਾਤਮਾ (ਦੇ ਚਰਨਾਂ) ਨਾਲ ਆਪਣੀ ਸੁਰਤਿ ਜੋੜੀ ਰੱਖਦੇ ਹਨ।4।

ਹੇ (ਮੇਰੀ) ਜਿੰਦੇ! (ਇਹ ਚੇਤੇ ਰੱਖ) ਪਰਮਾਤਮਾ ਨੂੰ ਇਹੀ ਚੰਗਾ ਲੱਗਦਾ ਹੈ ਕਿ (ਜੀਵਾਂ ਦੇ) ਕੀਤੇ ਕਰਮਾਂ ਦੇ ਸੰਸਕਾਰਾਂ ਦਾ ਇਕੱਠ (ਮਨ ਵਿਚੋਂ ਸਿਮਰਨ ਤੋਂ ਬਿਨਾ) ਮਿਟਾਇਆ ਨਹੀਂ ਜਾ ਸਕਦਾ; (ਇਸ ਵਾਸਤੇ) ਗੁਰੂ ਦਾ ਆਸਰਾ ਲੈ ਕੇ ਤੂੰ ਪਰਮਾਤਮਾ ਦੇ ਨਾਮ ਨੂੰ ਆਪਣੇ ਅੰਦਰ ਪੱਕੀ ਤਰ੍ਹਾਂ ਟਿਕਾ, ਪਰਮਾਤਮਾ ਦੇ ਨਾਮ ਵਿਚ ਹੀ ਆਪਣੀ ਸੁਰਤਿ ਜੋੜੀ ਰੱਖ।5।

ਹੇ ਸਤਿਗੁਰੂ! ਮੈਂ ਭੱਜ ਕੇ ਤੇਰੀ ਸਰਨ ਆਇਆ ਹਾਂ, ਮੈਨੂੰ ਕੋਈ ਹੋਰ ਆਸਰਾ ਚੰਗਾ ਨਹੀਂ ਲੱਗਦਾ। ਮੈਂ ਸਦਾ ਇਕੋ ਇਕ ਪਰਮਾਤਮਾ ਦਾ ਨਾਮ ਹੀ ਕੂਕਦਾ ਹਾਂ। ਉਹੀ ਮੁੱਢ ਤੋਂ ਜੁਗਾਂ ਦੇ ਮੁੱਢ ਤੋਂ (ਜੀਵਾਂ ਦਾ) ਸਾਥੀ-ਮਿੱਤਰ ਚਲਿਆ ਆ ਰਿਹਾ ਹੈ।6।

ਹੇ ਪ੍ਰਭੂ ਜੀ! (ਤੈਨੂੰ ਲੋਕ ਸਰਨ-ਪਾਲ ਆਖਦੇ ਹਨ, ਮੈਂ ਤੇਰੀ ਸਰਨ ਆਇਆ ਹਾਂ) ਆਪਣੇ (ਸਰਨ-ਪਾਲ) ਨਾਮ ਦੀ ਲਾਜ ਪਾਲ, ਮੇਰੀ ਪ੍ਰੀਤ ਸਦਾ ਤੇਰੇ ਨਾਲ ਬਣੀ ਰਹੇ। ਮੇਹਰ ਕਰ ਮੈਨੂੰ ਗੁਰੂ ਦਾ ਦਰਸਨ ਕਰਾ ਤਾਂ ਕਿ ਗੁਰੂ ਆਪਣੇ ਸ਼ਬਦ ਦੀ ਰਾਹੀਂ (ਮੇਰੇ ਅੰਦਰੋਂ) ਹਉਮੈ ਸਾੜ ਦੇਵੇ।7।

ਹੇ ਪ੍ਰਭੂ ਜੀ! (ਤੇਰੇ ਨਾਮ ਤੋਂ ਬਿਨਾ) ਮੈਂ (ਤੇਰੇ ਪਾਸੋਂ) ਹੋਰ ਕੀਹ ਮੰਗਾਂ? ਮੈਨੂੰ ਕੋਈ ਚੀਜ਼ ਐਸੀ ਨਹੀਂ ਦਿੱਸਦੀ ਜੋ ਸਦਾ ਟਿਕੀ ਰਹਿ ਸਕੇ। ਇਸ ਜਗਤ ਵਿਚ ਜੇਹੜਾ ਭੀ ਆਇਆ ਹੈ, ਉਹ ਨਾਸਵੰਤ ਹੀ ਹੈ। ਮੈਨੂੰ ਨਾਨਕ ਨੂੰ ਆਪਣਾ ਨਾਮ-ਪਦਾਰਥ ਹੀ ਦੇਹ, ਮੈਂ (ਇਸ ਨਾਮ ਨੂ) ਆਪਣੇ ਹਿਰਦੇ ਦੀ ਮਾਲਾ ਬਣਾ ਲਵਾਂ।8।3।